# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :28-10-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਕੇਂਦਰੀ ਮੰਤਰੀ ਮੰਡਲ ਨੇ 8ਵੇਂ ਕੇਂਦਰੀ ਤਨਖਾਹ ਕਮਿਸ਼ਨ ਦੇ ਸੰਦਰਭ ਦੀਆਂ ਸ਼ਰਤਾਂ ਨੂੰ ਮਨਜ਼ੂਰੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਹਾੜ੍ਹੀ ਰੁਤ 2025-26 ਲਈ ਫਾਸਫੇਟ ਅਤੇ ਪੋਟਾਸ਼ ਖਾਦਾਂ 'ਤੇ ਪੌਸ਼ਟਿਕ ਤੱਤਾਂ 'ਤੇ ਆਧਾਰਿਤ ਸਬਸਿਡੀ ਦਰਾਂ ਨੂੰ ਵੀ ਮਨਜ਼ੂਰ ਕੀਤਾ ਏ।

- ਪੰਜਾਬ ਸਰਕਾਰ ਨੇ ਜਾਂਚ ਪ੍ਰਕਿਰਿਆ ਨੂੰ ਹੋਰ ਪੇਸ਼ੇਵਰ ਤੇ ਵਿਗਿਆਨਕ ਬਣਾਉਣ ਵੱਲ ਵੱਡਾ ਕਦਮ ਚੁੱਕਦਿਆਂ "ਰੈਜ਼ੀਡੈਂਸ਼ੀਅਲ ਸਰਟੀਫਾਈਡ ਇਨਵੈਸਟੀਗੇਟਰ ਕੋਰਸ" ਦੀ ਸ਼ੁਰੂਆਤ ਕੀਤੀ ਏ।

- ਲੁਧਿਆਣਾ ਵਿੱਚ ਇੱਕ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਯੋਜਨਾ ਵਾਲੇ ਤਿੰਨ ਦਹਿਸ਼ਤਗਰਦਾਂ ਨੂੰ ਹਥਗੋਲਿਆਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ.

- ਸਰਹੱਦ ਪਾਰੋਂ ਚੱਲ ਰਹੇ ਡਰੱਗ ਕਾਰਟੈਲ ਨਾਲ ਜੁੜਿਆ ਕਾਰਕੁੰਨ ਫਿਰੋਜ਼ਪੁਰ ਤੋਂ 5 ਕਿਲੋ ਹੈਰੋਇਨ ਸਮੇਤ ਕਾਬੂ

- 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਹਾਕੀ ਅੰਡਰ-14 ਦੇ ਕੁੜੀਆਂ ਦੇ ਮੁਕਾਬਲੇ ਸ਼ੁਰੂ.

**ਹੁਣ ਖਬਰਾਂ ਵਿਸਥਾਰ ਨਾਲ**

ਕੇਂਦਰੀ ਮੰਤਰੀ ਮੰਡਲ ਨੇ 8ਵੇਂ ਕੇਂਦਰੀ ਤਨਖਾਹ ਕਮਿਸ਼ਨ ਦੇ ਸੰਦਰਭ ਦੀਆਂ ਸ਼ਰਤਾਂ ਨੂੰ ਮਨਜ਼ੂਰੀ ਦੇ ਦਿੱਤੀ ਏ। ਅੱਜ ਨਵੀਂ ਦਿੱਲੀ ਵਿੱਚ ਕੈਬਨਿਟ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਕਮਿਸ਼ਨ ਆਪਣੇ ਗਠਨ ਦੀ ਤਰੀਕ ਤੋਂ 18 ਮਹੀਨਿਆਂ ਦੇ ਅੰਦਰ ਆਪਣੀਆਂ ਸਿਫਾਰਸ਼ਾਂ ਦਏਗਾ. ਉਨ੍ਹਾਂ ਦੱਸਿਆ ਕਿ

ਕਮਿਸ਼ਨ ਵਿੱਚ ਇੱਕ ਚੇਅਰਪਰਸਨ, ਇੱਕ ਯੂਜ- ਵਕਤੀ ਮੈਂਬਰ ਅਤੇ ਇੱਕ ਮੈਂਬਰ-ਸਕੱਤਰ ਸ਼ਾਮਲ ਹੋਣਗੇ-

BYTE

ਮੰਤਰੀ ਮੰਡਲ ਨੇ ਹਾੜ੍ਹੀ ਰੁਤ 2025-26 ਲਈ ਫਾਸਫੇਟ ਅਤੇ ਪੋਟਾਸ਼ ਖਾਦਾਂ 'ਤੇ ਪੌਸ਼ਟਿਕ ਤੱਤਾਂ 'ਤੇ ਆਧਾਰਿਤ ਸਬਸਿਡੀ ਦਰਾਂ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ। ਸ੍ਰੀ ਵੈਸ਼ਨਵ ਨੇ ਕਿਹਾ ਕਿ ਮੰਤਰੀ ਮੰਡਲ ਨੇ ਹਾੜ੍ਹੀ 2025 ਲਈ ਲਗਭਗ 37 ਹਜ਼ਾਰ 952 ਕਰੋੜ ਰੁਪਏ ਦੀ ਸਬਸਿਡੀ ਨੂੰ ਮਨਜ਼ੂਰੀ ਦੇ ਦਿੱਤੀ ਏ ਅਤੇ ਇਹ ਦਰਾਂ ਪਹਿਲੀ ਅਕਤੂਬਰ ਤੋਂ ਲਾਗੂ ਹੋਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲ ਕਿਸਾਨਾਂ ਨੂੰ ਸਬਸਿਡੀ ਵਾਲੇ, ਕਿਫਾਇਤੀ ਅਤੇ ਵਾਜਬ ਕੀਮਤਾਂ 'ਤੇ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਏਗੀ। ਉਨ੍ਹਾਂ ਅੱਗੇ ਕਿਹਾ ਕਿ ਫਾਸਫੇਟ ਅਤੇ ਪੋਟਾਸ਼ ਖਾਦਾਂ 'ਤੇ ਸਬਸਿਡੀ ਨੂੰ ਖਾਦਾਂ ਦੀਆਂ ਅੰਤਰਰਾਸ਼ਟਰੀ ਕੀਮਤਾਂ ਅਤੇ ਉਨ੍ਹਾਂ ਦੀ ਆਮਦ ਦੇ ਹਾਲ ਹੀ ਦੇ ਰੁਝਾਨਾਂ ਦੇ ਮੱਦੇਨਜ਼ਰ ਤਰਕਸੰਗਤ ਬਣਾਇਆ ਗਿਆ ਏ –

byte

ਕਿਸਾਨਾਂ ਨੂੰ ਕਿਫਾਇਤੀ ਕੀਮਤਾਂ 'ਤੇ ਇਨ੍ਹਾਂ ਖਾਦਾਂ ਦੀ ਸੁਚਾਰੂ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਹਾੜ੍ਹੀ ਰੁਤ 2025-26 ਲਈ ਪ੍ਰਵਾਨਿਤ ਦਰਾਂ ਦੇ ਆਧਾਰ 'ਤੇ ਡਾਈ ਅਮੋਨੀਅਮ ਫਾਸਫੇਟ ਡੀਏਪੀ ਅਤੇ ਨਾਈਟ੍ਰੋਜਨ, ਫਾਸਫੋਰਸ, ਪੋਟਾਸ਼, Sulphur NPKS grades ਸਮੇਤ ਪੀ ਐਂਡ ਕੇ ਖਾਦਾਂ 'ਤੇ ਸਬਸਿਡੀ ਪ੍ਰਦਾਨ ਕੀਤੀ ਜਾਵੇਗੀ। ਇਹ ਅਗਲੇ ਮਹੀਨੇ ਦੀ ਪਹਿਲੀ ਤਰੀਕ ਤੋਂ ਅਗਲੇ ਸਾਲ 31 ਮਾਰਚ ਤੱਕ ਲਾਗੂ ਰਹੇਗੀ।

---------------------------------------------------------

ਪੰਜਾਬ ਸਰਕਾਰ ਨੇ ਅੱਜ ਜਾਂਚ ਪ੍ਰਕਿਰਿਆ ਨੂੰ ਹੋਰ ਪੇਸ਼ੇਵਰ ਤੇ ਵਿਗਿਆਨਕ ਬਣਾਉਣ ਵੱਲ ਵੱਡਾ ਕਦਮ ਚੁੱਕਦਿਆਂ "ਰੈਜ਼ੀਡੈਂਸ਼ੀਅਲ ਸਰਟੀਫਾਈਡ ਇਨਵੈਸਟੀਗੇਟਰ ਕੋਰਸ" ਦੀ ਸ਼ੁਰੂਆਤ ਕੀਤੀ ਏ । ਇਸ ਕੋਰਸ ਦਾ ਉਦਘਾਟਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਜੀਵ ਗਾਂਧੀ ਨੇਸ਼ਨਲ ਯੂਨੀਵਰਸਿਟੀ ਆਫ ਲਾਅ, ਪਟਿਆਲਾ ਵਿਖੇ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਹੁਣ ਸਮੇਂ ਦੇ ਨਾਲ ਤਕਨੀਕੀ ਤੌਰ 'ਤੇ ਮਜ਼ਬੂਤ ਜਾਂਚ ਪ੍ਰਣਾਲੀ ਦੀ ਲੋੜ ਏ ।ਉਹਨਾਂ ਨੇ ਕਿਹਾ ਕਿ ਇਸ

ਕੋਰਸ ਨਾਲ ਪੰਜਾਬ ਨੂੰ ਅਜਿਹੇ ਪੜਤਾਲਕਰਤਾ ਮਿਲਣਗੇ ਜੋ ਕਾਨੂੰਨੀ ਅਮਲ, ਫੋਰੇਨਸਿਕ ਵਿਗਿਆਨ, ਡਿਜਿਟਲ ਸਬੂਤਾਂ ਅਤੇ ਤਫਤੀਸ਼ ਦੇ ਆਧੁਨਿਕ ਤਰੀਕਿਆਂ ਵਿੱਚ ਸਿਖਲਾਈ ਪ੍ਰਾਪਤ ਕਰਨਗੇ। ਇਹ ਕਦਮ ਰਾਜ ਵਿੱਚ ਜਾਂਚ ਪ੍ਰਕਿਰਿਆ ਦੀ ਪਾਰਦਰਸ਼ਤਾ ਅਤੇ ਗਤੀ ਤੇਜ਼ ਕਰਨ ਵੱਲ ਇੱਕ ਮਹੱਤਵਪੂਰਨ ਯਤਨ ਏ । ਕੋਰਸ ਮੁਕੰਮਲ ਕਰਨ ਵਾਲਿਆਂ ਨੂੰ ਪ੍ਰਮਾਣ ਪੱਤਰ ਦਿੱਤਾ ਜਾਵੇਗਾ, ਜਿਸ ਨਾਲ ਉਹ ਸਰਕਾਰੀ ਜਾਂ ਨਿੱਜੀ ਜਾਂਚ ਏਜੰਸੀਆਂ ਵਿੱਚ ਮਾਨਤਾ ਪ੍ਰਾਪਤ ਪੜਤਾਲਕਰਤਾ ਵਜੋਂ ਕੰਮ ਕਰ ਸਕਣਗੇ। ਇਸ ਨਾਲ ਪੰਜਾਬ ਵਿੱਚ ਜਾਂਚ-ਅਧਿਕਾਰੀਆਂ ਦੀ ਇੱਕ ਪ੍ਰਮਾਣਿਤ ਅਤੇ ਤਜਰਬੇਕਾਰ ਟੀਮ ਤਿਆਰ ਹੋਵੇਗੀ.

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਅਤੇ ਪਿਛਲੇ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ GST ਬਚਤ ਉਤਸਵ, ਦੇਸ਼ ਭਰ ਦੇ ਨਾਗਰਿਕਾਂ ਨੂੰ ਲਾਭ ਪਹੁੰਚਾ ਰਿਹਾ ਏ। ਅੱਜ ਅਸੀਂ ਗੱਲ ਕਰਾਂਗੇ ਕਿ, ਕਿਵੇਂ ਇਹ ਨਵੇਂ GST ਸੁਧਾਰ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਬਣਾ ਰਹੇ ਨੇ -

## ਇੱਕ ਰਿਪੋਰਟ :

*ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਰਾਹਤ ਦੇ ਕੇ, ਪੰਜਾਬ ਦੀ ਆਰਥਿਕਤਾ ਨੂੰ ਵੱਡਾ ਹੁਲਾਰਾ ਦਿੱਤਾ ਏ। ਨਵੇਂ ਟੈਕਸ ਢਾਂਚੇ ਤਹਿਤ, ਦੁੱਧ, ਮੱਖਣ, ਘਿਓ, ਦਹੀਂ, ਪਨੀਰ, UHT ਦੁੱਧ, ਬਾਲ ਭੋਜਨ, ਡੇਅਰੀ ਵ੍ਹਾਈਟਨਰ ਅਤੇ ਚਾਕਲੇਟ ਸਮੇਤ ਖੇਤੀਬਾੜੀ ਅਤੇ ਖੁਰਾਕੀ ਵਸਤਾਂ 'ਤੇ ਜੀਐਸਟੀ ਨੂੰ 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ। ਪੰਜਾਬ ਦੇ ਮੁੱਖ ਉਤਪਾਦਾਂ 'ਤੇ ਇਸ ਟੈਕਸ ਰਾਹਤ ਨੇ ਉਤਪਾਦਨ ਨੂੰ ਉਤਸ਼ਾਹਿਤ ਕੀਤਾ ਏ, ਰੋਜ਼ੀ-ਰੋਟੀ ਨੂੰ ਹਮਾਇਤ ਦਿੱਤੀ ਏ ਅਤੇ ਰਾਜ ਦੀ ਆਰਥਿਕਤਾ ਨੂੰ ਮਜ਼ਬੂਤ ਕੀਤਾ ਏ। ਇਸੇ ਤਰ੍ਹਾਂ, ਡੇਅਰੀ-ਅਧਾਰਤ ਮਿਠਾਈਆਂ 'ਤੇ ਜੀਐਸਟੀ, ਪਹਿਲਾਂ ਲਗਾਏ ਗਏ 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤਾ ਗਿਆ ਏ। ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ, ਚੰਡੀਗੜ੍ਹ ਦੇ ਇੱਕ ਕਿਸਾਨ ਵਰਿੰਦਰ ਕੁਮਾਰ ਨੇ ਸਰਕਾਰ ਦੇ ਫੈਸਲੇ ਦਾ ਸਵਾਗਤ ਕੀਤਾ ਏ ਅਤੇ ਕਿਹਾ ਏ ਕਿ, ਇਸ ਕਦਮ ਦਾ ਸਿੱਧਾ ਫਾਇਦਾ ਕਿਸਾਨਾਂ ਨੂੰ ਹੋ ਰਿਹਾ ਏ।*

*BYTE*

*ਨਵੇਂ ਜੀਐਸਟੀ ਸੁਧਾਰਾਂ ਤਹਿਤ, ਤਰਕਸੰਗਤੀਕਰਨ ਨੇ ਜ਼ਰੂਰੀ ਵਸਤਾਂ ਅਤੇ ਸੇਵਾਵਾਂ ਉਪਰ ਟੈਕਸ ਬੋਝ ਨੂੰ ਘਟਾ ਦਿੱਤਾ ਏ, ਮੁਕਾਬਲੇਬਾਜ਼ੀ ਵਧਾ ਦਿੱਤੀ ਏ, ਅਤੇ ਰਾਜ ਵਿੱਚ ਵਿਕਾਸ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਨੇ।*

*ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਅਕਸ਼ਵਾਨੀ ਖਬਰਾਂ ਲਈ ਮੈਂ ਕਾਜਲ*

---------------------------------------------

ਲੁਧਿਆਣਾ ਵਿੱਚ ਇੱਕ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਯੋਜਨਾ ਵਾਲੇ ਤਿੰਨ ਦਹਿਸ਼ਤਗਰਦਾਂ ਨੂੰ ਹਥਗੋਲਿਆਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ. ਇਹਨਾਂ ਦੇ ਪਾਕਿਸਤਾਨ ਦੀ ISI ਨਾਲ ਸਬੰਧ ਨੇ ਅਤੇ ਇਹਨਾਂ ਦੇ ਦੋ ਸਾਥੀ ਫਰਾਰ ਨੇ. ਇਹਨਾਂ ਨੂੰ ਜੋਧੇਵਾਲ ਥਾਣੇ

ਦੀ ਪੁਲਿਸ ਵਲੋਂ ਫੜਿਆ ਗਿਆ ਏ. ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਸਟੇਸ਼ਨ ਹਾਊਸ ਅਫ਼ਸਰ ਦਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਟੀਮ ਨੇ ਸ਼ਿਵਪੁਰੀ ਰੋਡ 'ਤੇ ਤਿੰਨ ਦਹਿਸ਼ਤਗਰਦਾਂ ਨੂੰ ਹਥਗੋਲਿਆਂ ਸਮੇਤ ਗ੍ਰਿਫ਼ਤਾਰ ਕੀਤਾ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਕੁਲਦੀਪ ਸਿੰਘ, ਪਰਵਿੰਦਰ ਸਿੰਘ ਅਤੇ ਰਮਣੀਕ ਸਿੰਘ ਵਜੋਂ ਹੋਈ ਏ, ਜਦੋਂ ਕਿ ਉਨ੍ਹਾਂ ਦੇ ਦੋ ਸਾਥੀ ਸ਼ੇਖਰ ਅਤੇ ਅਜੈ ਹਾਲਾਂ ਵੀ ਫਰਾਰ ਨੇ. ਉਨ੍ਹਾਂ ਕਿਹਾ ਕਿ ਮੁਲਜ਼ਮ ਜੇਲ੍ਹ ਵਿੱਚ ਬੰਦ ਇੱਕ ਕੈਦੀ ਦੀ ਸਲਾਹ 'ਤੇ ਇਹ ਹਥਗੋਲੇ ਲੈ ਕੇ ਆਏ ਸਨ, ਜਿਸ ਨੂੰ ਬਾਅਦ ਵਿੱਚ ਲੁਧਿਆਣਾ ਤੋਂ ਜਲੰਧਰ ਸ਼ਾਹਰਾਹ ਦੇ ਨੇੜੇ ਕਿਸੇ ਥਾਂ 'ਤੇ ਲੁਕਾਇਆ ਜਾਣਾ ਸੀ। ਫਿਲਹਾਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

---------------------------------------------------------

ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ ਨੇ ਆਮ ਲੋਕਾਂ ਨੂੰ ਧਮਕੀਆਂ, ਜ਼ਬਰਦਸਤੀ ਵਸੂਲੀ ਅਤੇ ਜਥੇਬੰਧਤ ਅਪਰਾਧ ਦੀ ਸ਼ਿਕਾਇਤ ਕਰਨ ਲਈ ਆਪਣੀ ਟੋਲ-ਫ੍ਰੀ ਹੈਲਪਲਾਈਨ ਨੰਬਰ 1800-330-1100 ਨੂੰ ਸ਼ੁਰੂ ਕਰ ਦਿੱਤਾ

ਏ. ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਨਾਗਰਿਕਾਂ ਲਈ ਇੱਕ ਅਜਿਹਾ ਮਾਧਿਅਮ ਏ ਜੋ ਕਿ ਓਹਨਾਂ ਦੀ ਪਛਾਣ ਗੁਪਤ ਰਖਦਾ ਏ –

BYTE:

---------------------------------------------------

ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਨੇ ਸਰਹੱਦ ਪਾਰੋਂ ਚੱਲ ਰਹੇ ਡਰੱਗ ਕਾਰਟੇਲ ਦਾ ਪਰਦਾਫਾਸ਼ ਕਰਦਿਆਂ ਇੱਕ ਕਾਰਕੁੰਨ ਨੂੰ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ਵਿੱਚੋਂ 5 ਕਿਲੋ ਹੈਰੋਇਨ ਬਰਾਮਦ ਕੀਤੀ ਏ । ਇਹ ਜਾਣਕਾਰੀ ਅੱਜ ਚੰਡੀਗੜ੍ਹ ਵਿਖੇ ਪੰਜਾਬ ਪੁਲਿਸ ਮੁਖੀ, (ਡੀਜੀਪੀ) ਗੌਰਵ ਯਾਦਵ ਨੇ ਦਿੱਤੀ । ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਗੋਰਾ ਵਾਸੀ ਫਿਰੋਜ਼ਪੁਰ ਵਜੋਂ ਹੋਈ ਏ । ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਇਹ ਖੇਪ ਪਾਕਿਸਤਾਨ ਅਧਾਰਤ ਤਸਕਰਾਂ ਵਲੋਂ ਸਰਹੱਦ ਪਾਰੋਂ ਭੇਜੀ ਗਈ ਸੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ

ਦਾ ਪਤਾ ਲਾਉਣ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਏ ਤਾਂ ਜੋ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਜਾ ਸਕੇ।

---------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਵੈਟਰਨਰੀ ਸਟੂਡੈਂਟਸ ਯੂਨੀਅਨ, ਲੁਧਿਆਣਾ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਪੂਰਾ ਕਰ ਦਿੱਤਾ ਜਾਵੇਗਾ। ਇਹ ਭਰੋਸਾ ਖਜ਼ਾਨਾ ਮੰਤਰੀ ਦੇ ਦਫ਼ਤਰ ਵਿਖੇ ਹੋਈ ਇੱਕ ਮੀਟਿੰਗ ਦੌਰਾਨ ਯੂਨੀਅਨ ਵੱਲੋਂ ਆਪਣੇ ਮਸਲੇ ਅਤੇ ਮੰਗਾਂ ਪੇਸ਼ ਕਰਨ ਮੌਕੇ ਦਿੱਤਾ ਗਿਆ।

---------------------------------------------------

ਅੱਜ ਬਠਿੰਡਾ ਵਿਖ਼ੇ 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਹਾਕੀ ਅੰਡਰ-14 ਦੇ ਕੁੜੀਆਂ ਦੇ ਮੁਕਾਬਲਿਆਂ ਦੀ ਸ਼ੁਰੂਆਤ ਹੋਈ। ਅੱਜ ਦਿਨ ਦਾ ਪਹਿਲਾ ਤਰਨਤਾਰਨ ਅਤੇ ਰੂਪਨਗਰ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਰੂਪਨਗਰ ਨੇ ਤਰਨਤਾਰਨ ਨੂੰ 2-0 ਦੇ ਫਰਕ ਨਾਲ ਹਰਾਇਆ| ਦੂਜੇ ਮੁਕਾਬਲੇ ਵਿੱਚ ਸੰਗਰੂਰ ਨੇ ਫਿਰੋਜ਼ਪੁਰ ਨੂੰ 5-2 ਦੇ ਫਰਕ ਨਾਲ ਹਰਾਇਆ | ਫਤਿਹਗੜ

ਸਾਹਿਬ ਨੇ ਜਲੰਧਰ ਨੂੰ 3-2 ਨਾਲ ਹਰਾਇਆ ਅਤੇ ਫਰੀਦਕੋਟ ਨੇ ਮੋਗਾ ਨੂੰ 5-1 ਨਾਲ ਹਰਾਇਆ. PN

---------------------------------------------

ਜਲੰਧਰ ਵਿਚ ਖੇਡੇ ਜਾ ਰਹੇ, 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ ਅੱਜ ਇੰਡੀਅਨ ਆਇਲ ਮੁੰਬਈ ਦਾ ਇੰਡੀਅਨ ਨੇਵੀ ਨਾਲ ਅਤੇ ਭਾਰਤ ਪੈਟਰੋਲੀਅਮ ਮੁੰਬਈ ਦਾ ਕੈਗ ਦਿੱਲੀ ਨਾਲ ਮੁਕਾਬਲਾ ਹੋ ਰਿਹਾ ਏ.

ਪਹਿਲਾਂ ਕੱਲ੍ਹ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਨੇ Indian ਏਅਰ ਫੋਰਸ ਨੂੰ 2-1 ਨਾਲ ਹਰਾ ਕੇ, ਪਹਿਲੀ ਜਿੱਤ ਦਰਜ ਕੀਤੀ। ਓਧਰ ਦੂਜੇ ਮੈਚ ਵਿੱਚ, ਭਾਰਤੀ ਰੇਲਵੇ ਦਿੱਲੀ ਦੀ ਟੀਮ, ਆਰਮੀ ਇਲੈਵਨ ਦਿੱਲੀ ਨੂੰ 2-0 ਨਾਲ ਹਰਾ ਕੇ ਕਵਾਰਟਰ ਫਾਇਨਲ ਪਹੁੰਚ ਗਈ ਏ।

---------------------------------------------

- ਕੇਂਦਰੀ ਮੰਤਰੀ ਮੰਡਲ ਨੇ 8ਵੇਂ ਕੇਂਦਰੀ ਤਨਖਾਹ ਕਮਿਸ਼ਨ ਦੇ ਸੰਦਰਭ ਦੀਆਂ ਸ਼ਰਤਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਮੰਤਰੀ ਮੰਡਲ ਨੇ ਹਾੜ੍ਹੀ ਰੁਤ 2025-26 ਲਈ ਫਾਸਫੇਟ ਅਤੇ ਪੋਟਾਸ਼

ਖਾਦਾਂ 'ਤੇ ਪੌਸ਼ਟਿਕ ਤੱਤਾਂ 'ਤੇ ਆਧਾਰਿਤ ਸਬਸਿਡੀ ਦਰਾਂ ਨੂੰ ਵੀ ਮਨਜ਼ੂਰ ਕੀਤਾ  ਏ।

- ਪੰਜਾਬ ਸਰਕਾਰ ਨੇ ਜਾਂਚ ਪ੍ਰਕਿਰਿਆ ਨੂੰ ਹੋਰ ਪੇਸ਼ੇਵਰ ਤੇ ਵਿਗਿਆਨਕ ਬਣਾਉਣ ਵੱਲ ਵੱਡਾ ਕਦਮ ਚੁੱਕਦਿਆਂ "ਰੈਜ਼ੀਡੈਂਸ਼ੀਅਲ ਸਰਟੀਫਾਈਡ ਇਨਵੈਸਟੀਗੇਟਰ ਕੋਰਸ" ਦੀ ਸ਼ੁਰੂਆਤ ਕੀਤੀ ਏ।

- ਲੁਧਿਆਣਾ ਵਿੱਚ ਇੱਕ ਵੱਡੀ ਘਟਨਾ ਨੂੰ ਅੰਜਾਮ ਦੇਣ ਦੀ ਯੋਜਨਾ ਵਾਲੇ ਤਿੰਨ ਦਹਿਸ਼ਤਗਰਦਾਂ ਨੂੰ ਹਥਗੋਲਿਆਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ.

- ਸਰਹੱਦ ਪਾਰੋਂ ਚੱਲ ਰਹੇ ਡਰੱਗ ਕਾਰਟੈਲ ਨਾਲ ਜੁੜਿਆ ਕਾਰਕੁੰਨ ਫਿਰੋਜ਼ਪੁਰ ਤੋਂ 5 ਕਿਲੋ ਹੈਰੋਇਨ ਸਮੇਤ ਕਾਬੂ

- 69ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਹਾਕੀ ਅੰਡਰ-14 ਦੇ ਕੁੜੀਆਂ ਦੇ ਮੁਕਾਬਲੇ ਸ਼ੁਰੂ.

-----------------------------------------------------------------------

**ਇਸਦੇ ਨਾਲ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**